# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 08-05-2024**

- ਭਾਰਤ ਨੇ ਕੈਨੇਡਾ ਨੂੰ ਇੱਕ ਵਾਰ ਫਿਰ ਕਿਹਾ ਏ ਕਿ ਉਹ ਆਪਣੇ ਦੇਸ਼ ਵਿੱਚ ਅਪਰਾਧਿਕ ਤੇ ਵੱਖਵਾਦੀ ਤੱਤਾਂ ਨੂੰ ਸੁਰੱਖਿਅਤ ਪਨਾਹਗਾਹ ਤੇ ਸਿਆਸੀ ਥਾਂ ਦੇਣਾ ਬੰਦ ਕਰੇ।
- ਪੰਜਾਬ ਵਿਚ ਲੋਕ ਸਭਾ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੇ ਅੱਜ ਦੂਜੇ ਦਿਨ ਕਈ ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ।
- ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਖੇਤਾਂ ਵਿਚ ਹੀ ਕਣਕ ਦੀ ਰਹਿੰਦ ਖ਼ੂੰਦ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਦੀ ਗਿਣਤੀ 2 ਹਜ਼ਾਰ 612 ਤਕ ਪੁੱਜੀ।

---

ਭਾਰਤ ਨੇ ਕੈਨੇਡਾ ਨੂੰ ਇੱਕ ਵਾਰ ਫਿਰ ਕਿਹਾ ਏ ਕਿ ਉਹ ਆਪਣੇ ਦੇਸ਼

ਵਿੱਚ ਅਪਰਾਧਿਕ ਅਤੇ ਵੱਖਵਾਦੀ ਤੱਤਾਂ ਨੂੰ ਸੁਰੱਖਿਅਤ ਪਨਾਹਗਾਹ ਤੇ ਸਿਆਸੀ ਥਾਂ ਪ੍ਰਦਾਨ ਕਰਨਾ ਬੰਦ ਕਰੇ। ਕੈਨੇਡਾ ਦੇ ਮਾਲਟਨ ਵਿੱਚ ਨਗਰ ਕੀਰਤਨ ਪਰੇਡ ਵਿੱਚ ਦਿਖਾਇਆਂ ਗਈਆਂ ਝਾਂਕੀਆਂ ਬਾਰੇ ਮੀਡੀਆ ਦੇ ਸਵਾਲਾਂ ਦੇ ਜਵਾਬ ਵਿੱਚ ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਨਵੀਂ ਦਿੱਲੀ ਨੇ ਕਨੇਡਾ ਵਿੱਚ ਕੱਟੜਪੰਥੀ ਤੱਤਾਂ ਵਲੋਂ ਭਾਰਤ ਦੀ ਸਿਆਸੀ ਲੀਡਰਸ਼ਿਪ ਵਿਰੁੱਧ ਵਰਤੇ ਜਾ ਰਹੇ ਹਿੰਸਕ ਚਿੱਤਰਾਂ ਬਾਰੇ ਵਾਰ-ਵਾਰ ਸਖ਼ਤ ਚਿੰਤਾਵਾਂ ਜ਼ਾਹਰ ਕੀਤੀਆਂ ਨੇ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਦੀ ਹੱਤਿਆ ਨੂੰ ਦਰਸਾਉਂਦੀਆਂ ਝਾਂਕੀਆਂ ਸ਼ਾਮਲ ਕੀਤੀਆਂ ਗਈਆਂ ਸਨ। ਉਨਾਂ ਕਿਹਾ ਕਿ ਭਾਰਤੀ ਡਿਪਲੋਮੈਟਾਂ ਦੇ ਪੋਸਟਰ ਵੀ ਪੂਰੇ ਕੈਨੇਡਾ ਵਿੱਚ ਲਗਾਏ ਗਏ ਨੇ ਜਿਸ ਵਿੱਚ ਉਨ੍ਹਾਂ ਵਿਰੁੱਧ ਹਿੰਸਾ ਦੀ ਧਮਕੀ ਦਿੱਤੀ ਗਈ ਏ। ਰਣਧੀਰ ਜੈਸਵਾਲ ਨੇ ਕਿਹਾ ਕਿ ਕਿਸੇ ਵੀ ਸੱਭਿਅਕ ਸਮਾਜ ਨੂੰ ਹਿੰਸਾ ਦੀ ਵਡਿਆਈ ਨਹੀਂ ਕਰਨੀ ਚਾਹੀਦੀ ਅਤੇ ਕਾਨੂੰਨ ਦਾ ਸਤਿਕਾਰ ਕਰਨ ਵਾਲੇ ਜਮਹੂਰੀ ਦੇਸ਼ਾਂ ਵਿੱਚ ਵਿਚਾਰ ਪ੍ਰਗਟਾਵੇ ਦੀ ਆਜ਼ਾਦੀ ਦੇ ਨਾਂ ’ਤੇ ਕੱਟੜਪੰਥੀ ਤੱਤਾਂ ਵੱਲੋਂ

ਧਮਕੀਆਂ ਦੇਣ ਦੀ ਇਜਾਜ਼ਤ ਨਹੀਂ ਦਿੱਤੀ ਜਾਣੀ ਚਾਹੀਦੀ ਏ। ਉਨਾਂ ਕਿਹਾ ਕਿ ਭਾਰਤ ਕੈਨੇਡਾ ਵਿੱਚ ਆਪਣੇ ਡਿਪਲੋਮੈਟਾਂ ਦੀ ਸੁਰੱਖਿਆ ਨੂੰ ਲੈ ਕੇ ਚਿੰਤਤ ਏ ਅਤੇ ਆਸ ਕਰਦਾ ਏ ਕਿ ਕੈਨੇਡੀਅਨ ਸਰਕਾਰ ਬਿਨਾਂ ਕਿਸੇ ਡਰ ਦੇ ਆਪਣੀ ਜ਼ਿੰਮੇਵਾਰੀ ਨਿਭਾਏਗੀ।

-----------------------------------------------------

ਪੰਜਾਬ ਵਿਚ ਲੋਕ ਸਭਾ ਚੋਣਾਂ ਲਈ ਨਾਮਜ਼ਦਗੀਆਂ ਭਰਨ ਦਾ ਸਿਲਸਿਲਾ ਅੱਜ ਦੂਜੇ ਦਿਨ ਵੀ ਜਾਰੀ ਰਿਹਾ। ਵੱਖ ਵੱਖ ਜ਼ਿਲਿਆਂ ਵਿਚ ਉਮੀਦਵਾਰਾਂ ਨੇ ਚੋਣ ਅਧਿਕਾਰੀਆਂ ਕੋਲ ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ। ਪਟਿਆਲਾ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਡਾਕਟਰ ਧਰਮਵੀਰ ਗਾਂਧੀ ਅਤੇ ਸੰਗਰੂਰ ਤੋਂ ਕਾਂਗਰਸ ਦੇ ਸੁਖਪਾਲ ਸਿੰਘ ਖਹਿਰਾ ਨੇ ਆਪੋ ਆਪਣੇ ਕਾਗਜ਼ ਦਾਖ਼ਲ ਕੀਤੇ। ਡਾਕਟਰ ਗਾਂਧੀ ਨਾਲ ਸੂਬਾ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਸੁਖਪਾਲ ਸਿੰਘ ਖਹਿਰਾ ਨਾਲ ਰਾਜਿੰਦਰ ਕੌਰ ਭੱਠਲ ਸਮੇਤ ਹੋਰ ਕਾਂਗਰਸ ਆਗੂ ਮੌਜੂਦ ਰਹੇ। ਫਰੀਦਕੋਟ ਤੋਂ ਬਹੁਜਨ ਸਮਾਜ ਪਾਰਟੀ ਦੇ ਗੁਰਬਕਸ਼ ਸਿੰਘ ਚੌਹਾਨ ਤੇ ਫਤਹਿਗੜ੍ਹ ਸਾਹਿਬ ਲੋਕਸਭਾ ਹਲਕੇ ਤੋਂ

ਬਹੁਜਨ ਸਮਾਜ ਪਾਰਟੀ ਦੇ ਹੀ ਕੁਲਵੰਤ ਸਿੰਘ ਨੇ ਵੀ ਆਪਣੇ ਨਾਮਜ਼ਦਗੀ ਕਾਗਜ਼ ਦਾਖ਼ਲ ਕੀਤੇ ਨੇ। ਨਾਮਜ਼ਦਗੀਆਂ 14 ਮਈ ਤੱਕ ਭਰੀਆਂ ਜਾ ਸਕਣਗੀਆਂ। ਦੱਸ ਮਈ ਨੂੰ ਛੁੱਟੀ ਦੇ ਬਾਵਜੂਦ ਨਾਮਜ਼ਦਗੀਆਂ ਦਾਖ਼ਲ ਕੀਤੀਆਂ ਜਾ ਸਕਣਗੀਆਂ ਪਰ 11 ਤੇ 12 ਮਈ ਨੂੰ ਸ਼ਨੀਵਾਰ ਤੇ ਐਤਵਾਰ ਦੀ ਛੁੱਟੀ ਕਰਕੇ ਕਾਗਜ਼ ਜਮ੍ਹਾਂ ਨਹੀਂ ਹੋਣਗੇ। 15 ਮਈ ਨੂੰ ਨਾਮਜ਼ਦਗੀਆਂ ਦੀ ਪੜਤਾਲ ਕੀਤੀ ਜਾਵੇਗੀ ਅਤੇ 17 ਮਈ ਨਾਮਜ਼ਦਗੀ ਵਾਪਸ ਲੈਣ ਦੀ ਅੰਤਿਮ ਤਾਰੀਖ ਏ। ਸੂਬੇ ਦੀਆਂ ਸਾਰੀਆਂ ਹੀ 13 ਲੋਕ ਸਭਾ ਸੀਟਾਂ ‘ਤੇ ਪਹਿਲੀ ਜੂਨ ਨੂੰ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਵੋਟਾਂ ਪੈਣਗੀਆਂ।

---------------------------------------------------------

ਪਟਿਆਲਾ ਲੋਕਸਭਾ ਹਲਕੇ ਲਈ ਨਾਮਜ਼ਦਗੀ ਪੱਤਰ ਭਰਨ ਤੋਂ ਪਹਿਲਾਂ ਡਾਕਟਰ ਧਰਮਵੀਰ ਗਾਂਧੀ ਨੇ ਪਟਿਆਲਾ ਸ਼ਹਿਰ ਵਿਚ ਇੱਕ ਰੋਡ ਸ਼ੋ ਕੱਢਿਆ ਜਿਸ ਦੌਰਾਨ ਪੰਜਾਬ ਕਾਂਗਰਸ ਦੇ ਪ੍ਰਧਾਨ ਰਾਜਾ ਅਮਰਿੰਦਰ ਵੜਿੰਗ ਸਮੇਤ ਪਟਿਆਲਾ ਜ਼ਿਲ੍ਹੇ ਤੋਂ ਕਾਂਗਰਸ ਪਾਰਟੀ ਦੇ ਸਾਬਕਾ ਵਿਧਾਇਕ ਵੀ ਸ਼ਾਮਿਲ ਰਹੇ। ਇਸ ਮੌਕੇ ਉਨਾਂ ਕਿਹਾ ਕਿ ਪਟਿਆਲਾ ਦੇ

ਲੋਕ ਹਮੇਸ਼ਾ ਕਾਂਗਰਸ ਪਾਰਟੀ ਦੇ ਉਮੀਦਵਾਰ ਨੂੰ ਜਿਤਾ ਕੇ ਸੰਸਦ ਭੇਜਦੇ ਨੇ ਅਤੇ ਇਸ ਵਾਰ ਡਾਕਟਰ ਗਾਂਧੀ ਵੱਡੇ ਫਰਕ ਨਾਲ ਜਿੱਤ ਹਾਸਿਲ ਕਰਕੇ ਲੋਕ ਸਭਾ ਜਾਣਗੇ। ਡਾਕਟਰ ਗਾਂਧੀ ਨੇ ਕਿਹਾ ਕਿ ਜੇਕਰ ਪਟਿਆਲਾ ਦੇ ਲੋਕ ਉਨਾਂ ਨੂੰ ਇੱਕ ਵਾਰ ਫਿਰ ਮੌਕੇ ਦਿੰਦੇ ਨੇ ਤਾਂ ਉਹ ਹਲਕੇ ਦੇ ਵਿਕਾਸ ਚ ਕੋਈ ਕਸਰ ਬਾਕੀ ਨਹੀਂ ਛੱਡਣਗੇ। ਜ਼ਿਕਰਯੋਗ ਏ ਕਿ ਇਸਤੋਂ ਪਹਿਲਾ 2014 ਵਿਚ ਡਾਕਟਰ ਗਾਂਧੀ ਆਮ ਆਦਮੀ ਪਾਰਟੀ ਦੀ ਟਿਕਟ ਤੋਂ ਚੋਣ ਲੜਕੇ ਸਾਂਸਦ ਬਣੇ ਸਨ ਪਰ ਇਸ ਵਾਰ ਉਹ ਕਾਂਗਰਸ ਪਾਰਟੀ ਵਲੋਂ ਚੋਣ ਮੈਦਾਨ ਚ ਨਿਤਰੇ ਨੇ।

-----------------------------------------------------

ਜਲੰਧਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਨੇ ਦਾਅਵਾ ਕੀਤਾ ਏ ਕਿ ਇਸ ਵਾਰ ਜਲੰਧਰ ਦੇ ਲੋਕ ਭਾਜਪਾ ਦੇ ਸਰਬਪੱਖੀ ਵਿਕਾਸ ਮਾਡਲ ਨੂੰ ਵੋਟ ਦੇਣਗੇ। ਇਕ ਬਿਆਨ ਵਿਚ ਉਨ੍ਹਾਂ ਕਿਹਾ ਕਿ ਸਿਆਸਤ ਦੇ ਬਦਲਦੇ ਸੁਭਾਅ ਵਿੱਚ ਵੋਟਰਾਂ ਦੀ ਵੋਟ ਦਾ ਮਹੱਤਵ ਬਹੁਤ ਵੱਧ ਹੋ ਗਿਆ ਏ ਅਤੇ ਅੱਜ ਹਰ ਕੋਈ ਚੰਗੀ ਤਰ੍ਹਾਂ ਜਾਣਦਾ ਏ ਕਿ ਜਿਹੜੀ ਪਾਰਟੀ ਦੇਸ਼ ਵਾਸੀਆਂ ਦੇ

ਹਿੱਤਾਂ ਨੂੰ ਧਿਆਨ ਵਿੱਚ ਰੱਖ ਕੇ ਫੈਸਲੇ ਲੈਂਦੀ ਏ, ਉਹ ਵਾਰ-ਵਾਰ ਸੱਤਾ ਵਿੱਚ ਆਉਂਦੀ ਏ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਵਿੱਚ ਭਾਜਪਾ ਹੀ ਇੱਕ ਅਜਿਹੀ ਪਾਰਟੀ ਏ ਜਿਸ ਨੇ ਭਾਰਤ ਦੇ ਕੋਨੇ-ਕੋਨੇ ਵਿੱਚ ਵਿਕਾਸ ਕੀਤਾ ਏ। ਸੁਸ਼ੀਲ ਕੁਮਾਰ ਰਿੰਕੂ ਨੇ ਕਿਹਾ ਕਿ ਪਿਛਲੇ 10 ਸਾਲਾਂ ਵਿਚ ਮੋਦੀ ਸਰਕਾਰ ਨੇ ਵਿਸ਼ਵ ਪੱਧਰ 'ਤੇ ਆਪਣੀ ਪਛਾਣ ਬਣਾਈ ਏ, ਜਿਸ ਦਾ ਸਭ ਤੋਂ ਵੱਧ ਫਾਇਦਾ ਜਲੰਧਰ ਦੇ ਖੇਡ ਉਦਯੋਗ ਨੂੰ ਹੋਵੇਗਾ।

------------------------------------------------------

ਲੋਕ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਸੂਬੇ ਵਿਚ ਬਹੁਜਨ ਸਮਾਜ ਪਾਰਟੀ ਬਸਪਾ ਨੂੰ ਇਕ ਵੱਡਾ ਝਟਕਾ ਦਿੱਤਾ ਏ। ਹੁਸ਼ਿਆਰਪੁਰ ਤੋਂ ਪਾਰਟੀ ਦੇ ਉਮੀਦਵਾਰ ਰਾਕੇਸ਼ ਸੋਮਨ ਅੱਜ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਨ੍ਹਾਂ ਦਾ ਪਾਰਟੀ ਵਿਚ ਸਵਾਗਤ ਕੀਤਾ। ਰਾਕੇਸ਼ ਸੋਮਨ ਨੇ ਕਿਹਾ ਕਿ 'ਆਪ' ਸਰਕਾਰ ਹਰ ਗਰੀਬ ਨੂੰ ਚੰਗੀ ਸਿੱਖਿਆ ਤੇ ਸਿਹਤ ਸਹੂਲਤਾਂ ਦੇਣ ਦਾ ਨੇਕ ਕੰਮ ਕਰ ਰਹੀ ਏ। ਇਸ ਦੌਰਾਨ ਬਸਪਾ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਰਣਧੀਰ ਸਿੰਘ ਬੈਣੀਵਾਲ ਨੇ ਕਿਹਾ ਏ

ਕਿ ਪਾਰਟੀ ਅਗਲੇ ਦਿਨਾਂ ਵਿਚ ਹੁਸ਼ਿਆਰਪੁਰ ਲੋਕਸਭਾ ਹਲਕੇ ਤੋਂ ਇਕ ਮਜਬੂਤ ਉਮੀਦਵਾਰ ਦੇਵਗੀ।

------------------------------------------------------------

ਜਗਤ ਗੁਰੂ ਨਾਨਕ ਦੇਵ ਪੰਜਾਬ ਰਾਜ ਓਪਨ ਯੂਨੀਵਰਸਿਟੀ ਪਟਿਆਲਾ ਵਿਖੇ ਸਥਾਪਿਤ ਭਗਵਾਨ ਸ਼੍ਰੀ ਪਰਸ਼ੂਰਾਮ ਚੇਅਰ ਵੱਲੋਂ ਪਰਸ਼ੂਰਾਮ ਜੀ ਦੇ ਪਾਵਨ ਅਵਤਾਰ ਦਿਵਸ ਨੂੰ ਸਮਰਪਿਤ ਇੱਕ ਰਾਸ਼ਟਰੀ ਸੈਮੀਨਾਰ ਦਾ ਆਯੋਜਨ ਵਾਈਸ ਚਾਂਸਲਰ ਪ੍ਰੋ. ਡਾ. ਕਰਮਜੀਤ ਸਿੰਘ ਦੀ ਅਗਵਾਈ ਹੇਠ ਅੱਜ ਕੀਤਾ ਗਿਆ। ਸੰਸਕ੍ਰਿਤ ਮਹਾਰਿਸ਼ੀ ਵਾਲਮੀਕਿ ਯੂਨੀਵਰਸਿਟੀ ਕੈਥਲ ਦੇ ਵਾਈਸ ਚਾਂਸਲਰ ਪ੍ਰੋ. ਰਮੇਸ਼ ਚੰਦਰ ਭਾਰਦਵਾਜ ਇਸ ਦੇ ਵਿਸ਼ੇਸ਼ ਮਹਿਮਾਨ ਰਹੇ ਅਤੇ ਕੁਰੂਕਸ਼ੇਤਰ ਯੂਨੀਵਰਸਿਟੀ ਦੇ ਸੰਸਕ੍ਰਿਤ ਵਿਭਾਗ ਦੇ ਪ੍ਰੋ. ਵਿਭਾ ਅਗਰਵਾਲ ਵਿਸ਼ੇਸ਼ ਬੁਲਾਰੇ ਵਜੋਂ ਸ਼ਾਮਲ ਹੋਏ। ਓਪਨ ਯੂਨੀਵਰਸਿਟੀ ਦੇ ਡੀਨ ਅਕਾਦਮਿਕ ਮਾਮਲੇ ਡਾ: ਗੁਰਦੀਪ ਸਿੰਘ ਬੱਤਰਾ ਨੇ ਸਾਰੇ ਮਹਿਮਾਨਾਂ ਜੀ ਆਇਆਂ ਆਖਿਆ ਜਦਕਿ ਪ੍ਰੋ. ਡਾ. ਕਰਮਜੀਤ ਸਿੰਘ ਨੇ ਭਗਵਾਨ ਸ਼੍ਰੀ ਪਰਸ਼ੂਰਾਮ ਜੀ ਦੇ ਜੀਵਨ ਫਲਸਫੇ ਦੀ ਵਿਆਖਿਆ

ਕਰਦਿਆਂ ਕਿਹਾ ਕਿ ਪਰਸ਼ੂਰਾਮ ਜੀ ਦੇ ਸਿਧਾਂਤ ਕੌਮੀ ਤੇ ਸਮਾਜਿਕ ਸਦਭਾਵਨਾ ਲਈ ਹਰ ਯੁੱਗ ਵਿੱਚ ਪ੍ਰਸੰਗਿਕ ਰਹਿਣਗੇ। ਵਿਸ਼ੇਸ਼ ਬੁਲਾਰੇ ਪ੍ਰੋ. ਵਿਭਾ ਅਗਰਵਾਲ ਨੇ ਭਗਵਾਨ ਪਰਸ਼ੂਰਾਮ ਜੀ ਦੇ ਜੀਵਨ ਇਤਿਹਾਸ ਨੂੰ ਮਿਥਿਹਾਸਕ ਸੰਦਰਭ ਵਿੱਚ ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੀ ਸੱਭਿਆਚਾਰਕ ਪਹੁੰਚ ਯੁੱਗਾਂ ਤੱਕ ਮਿਸਾਲੀ ਰਹੀ ਏ ਅਤੇ ਰਹੇਗੀ। ਪ੍ਰੋ. ਰਮੇਸ਼ ਚੰਦਰ ਭਾਰਦਵਾਜ ਨੇ ਭਗਵਾਨ ਸ਼੍ਰੀ ਪਰਸ਼ੂਰਾਮ ਜੀ ਦੇ ਧਰਤੀ 'ਤੇ ਅਵਤਾਰ ਧਾਰਣ ਦੇ ਪਿਛੋਕੜ 'ਤੇ ਚਾਨਣਾ ਪਾਉਂਦੇ ਹੋਏ ਕਿਹਾ ਕਿ ਅਜੋਕੇ ਸੰਸਾਰ ਦੀ ਤਰੱਕੀ ਦੀ ਨੀਂਹ ਨੂੰ ਮਜ਼ਬੂਤ ਕਰਨ ਲਈ ਪਰਸ਼ੂਰਾਮ ਜੀ ਦੇ ਸਿਧਾਂਤ ਹਰ ਮਨੁੱਖ ਲਈ ਮਿਸਾਲੀ ਨੇ। ਪਰਸ਼ੂਰਾਮ ਚੇਅਰ ਦੇ ਸਹਾਇਕ ਪ੍ਰੋਫੈਸਰ ਡਾ: ਪਰਵਿੰਦਰ ਸ਼ਰਮਾ ਵੱਲੋਂ ਲਿਖੀ ਪੁਸਤਕ 'ਭਗਵਾਨ ਪਰਸ਼ੂਰਾਮ ਜੀ ਦਾ ਜੀਵਨ ਤੇ ਸਾਧਨਾ' ਵੀ ਇਸ ਮੌਕੇ ਤੇ ਜਾਰੀ ਕੀਤੀ ਗਈ।

---

ਦੇਸ਼ ਸਮੇਤ ਪੰਜਾਬ ਵਿਚ ਵੀ ਗਰਮੀ ਦਾ ਕਹਿਰ ਲਗਾਤਾਰ ਵੱਧ ਰਿਹਾ ਏ। ਪਿਛਲੇ ਕੁਝ ਦਿਨਾਂ ਤੋਂ ਚੱਲ ਰਹੇ ਸਾਫ ਮੌਸਮ ਨਾਲ ਸੂਬੇ ਦੇ

ਜ਼ਿਆਦਾਤਰ ਇਲਾਕਿਆਂ ਵਿਚ ਵੱਧ ਤੋਂ ਵੱਧ ਤਾਪਮਾਨ 40 ਡਿਗਰੀ ਸੈਲਸੀਅਸ ਤੋਂ ਵੀ ਵੱਧ ਦਰਜ ਕੀਤਾ ਜਾ ਰਿਹਾ ਏ। ਇਸ ਦੌਰਾਨ ਕਈ ਜ਼ਿਲਿਆਂ ਵਿਚ ਕਿਸਾਨ ਕਣਕ ਦੀ ਰਹਿਣ ਖੁੰਦ ਨੂੰ ਅੱਗ ਲਗਾ ਰਹੇ ਨੇ ਜਿਸ ਨਾਲ ਵਾਤਾਵਰਣ ਹੋਰ ਵੀ ਪ੍ਰਦੂਸ਼ਿਤ ਹੋ ਰਿਹਾ ਏ। ਵਧਦੀ ਗਰਮੀ ਨੂੰ ਵੇਖਦਿਆਂ ਸਰਕਾਰ ਨੇ ਵਿਦਿਆਰਥੀਆਂ ਤੇ ਹੋਰ ਲੋਕਾਂ ਲਈ ਇਕ ਐਡਵਾਇਜ਼ਰੀ ਜਾਰੀ ਕੀਤੀ ਏ। **ਹੋਰ ਵੇਰਵੇ ਨਾਲ ਇਹ ਰਿਪੋਰਟ:**

***ਡਿਸਪੈਚ: ਸੂਬੇ ਦੇ ਵੱਖ ਵੱਖ ਜ਼ਿਲਿਆਂ ਵਿਚ ਖੇਤਾਂ ਵਿਚ ਹੀ ਕਣਕ ਦੀ ਰਹਿੰਦ ਖੂੰਦ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਹੁਣ ਹੋਲੀ ਹੋਲੀ ਵੱਧ ਰਹੀਆਂ ਨੇ। ਸੂਬੇ ਵਿਚ ਅੱਗ ਲਗਾਉਣ ਦੀਆਂ ਅੱਜ ਤਕ ਹੋਇਆਂ 2 ਹਜ਼ਾਰ 612 ਘਟਨਾਵਾਂ ਵਿਚੋਂ ਸਬ ਤੋਂ ਵੱਧ 133 ਫਿਰੋਜ਼ਪੁਰ ਜ਼ਿਲੇ ਵਿਚ ਰਿਪੋਰਟ ਹੋਇਆਂ ਨੇ। ਖਾਸ ਤੌਰ ਤੇ ਫਾਜ਼ਿਲਕਾ, ਬਠਿੰਡਾ, ਗੁਰਦਾਸਪੁਰ, ਮਾਨਸਾ, ਮੁਕਤਸਰ, ਸੰਗਰੂਰ ਅਤੇ ਤਰਨਤਾਰਨ ਵਰਗੇ ਜ਼ਿਲਿਆਂ ਵਿਚ ਇਨਾਂ ਘਟਨਾਵਾਂ ਦੀ ਗਿਣਤੀ ਕਾਫੀ ਵੱਧ ਏ ਜਦਕਿ ਮਲੇਰਕੋਟਲਾ ਜ਼ਿਲੇ ਵਿਚ ਹਾਲੇ ਤਕ ਸਬ ਤੋਂ ਘੱਟ ਦੋ ਘਟਨਾਵਾਂ ਹੀ ਸਾਹਮਣੇ ਆਇਆਂ ਨੇ। ਇਸ ਦੌਰਾਨ***

ਮੌਸਮ ਦੇ ਲਗਾਤਾਰ ਗਰਮ ਹੁੰਦੇ ਤੇਵਰਾਂ ਨੂੰ ਵੇਖਦਿਆਂ ਆਮ ਲੋਕਾਂ ਤੇ ਬੱਚਿਆਂ ਨੂੰ ਗਰਮੀ ਤੋਂ ਬਚਾਉਣ ਲਈ ਇਕ ਹੀਟ ਵੇਵ ਐਡਵਾਇਜ਼ਰੀ ਜਾਰੀ ਕੀਤੀ ਗਈ ਏ। ਵਿਦਿਆਰਥੀਆਂ ਨੂੰ ਗਰਮੀ ਤੋਂ ਬਚਣ ਦੇ ਤਰੀਕਿਆਂ ਬਾਰੇ ਜਾਗਰੂਕ ਰਹਿਣ ਲਈ ਮੌਸਮ ਦੀ ਤਾਜ਼ਾ ਜਾਣਕਾਰੀ ਵਾਸਤੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਅਖ਼ਬਾਰਾਂ, ਟੀ ਵੀ ਅਤੇ ਰੇਡੀਓ ਨਾਲ ਜੁੜੇ ਰਹਿਣ ਲਈ ਕਿਹਾ ਗਿਆ ਏ। ਆਪਣੇ ਫੋਨ 'ਤੇ ਮੌਸਮ ਸੰਬੰਧੀ ਐਪਸ ਡਾਊਨਲੋਡ ਕਰਨ ਅਤੇ ਪਾਣੀ ਦੀ ਵੱਧ ਤੋਂ ਵੱਧ ਵਰਤੋਂ ਕਰਨ ਦੀ ਸਲਾਹ ਦਿੱਤੀ ਗਈ ਏ। ਇਸ ਦੇ ਨਾਲ ਹੀ ਦਿਲ, ਕਿਡਨੀ ਜਾਂ ਲੀਵਰ ਦੀਆਂ ਬੀਮਾਰੀਆਂ ਤੋਂ ਪੀੜਤ ਜਾਂ ਘੱਟ ਪਾਣੀ ਪੀਣ ਵਾਲੇ ਵਿਅਕਤੀਆਂ ਨੂੰ ਡਾਕਟਰੀ ਸਲਾਹ ਤੋਂ ਬਾਅਦ ਤਰਲ ਪਦਾਰਥ ਵਧਾਉਣ ਲਈ ਕਦਮ ਚੁੱਕਣ ਲਈ ਕਿਹਾ ਗਿਆ ਏ। ਘਰ ਤੋਂ ਬਾਹਰ ਜਾਣ ਸਮੇਂ ਹਮੇਸ਼ਾ ਹਲਕੇ ਰੰਗ ਦੇ ਕੱਪੜੇ ਪਹਿਨਣ, ਸਿਰ ਤੇ ਹੱਥਾਂ ਨੂੰ ਚੰਗੀ ਤਰ੍ਹਾਂ ਢੱਕਣ, ਟੋਪੀ ਤੇ ਛੱਤਰੀ ਦੀ ਵਰਤੋਂ ਕਰਨ, ਅੱਖਾਂ ਦੀ ਸੁਰੱਖਿਆ ਲਈ ਐਨਕਾਂ ਅਤੇ ਚਮੜੀ ਦੀ ਸੁਰੱਖਿਆ ਲਈ ਸਨਸਕ੍ਰੀਨ ਦੀ ਵਰਤੋਂ ਕਰਨ ਦੀ ਸਲਾਹ

*ਦਿੱਤੀ ਗਈ ਏ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

---------------------------------------------------

2008 ਬੈਚ ਦੇ ਸੀਨੀਅਰ ਆਈ.ਆਰ.ਐਸ ਅਫ਼ਸਰ ਮਨੀਸ਼ ਕੁਮਾਰ ਨੂੰ ਫ਼ਰੀਦਕੋਟ ਲੋਕ ਸਭਾ ਹਲਕੇ ਦਾ ਇਲੈਕਸ਼ਨ ਆਬਜ਼ਰਵਰ ਲਗਾਇਆ ਗਿਆ ਏ । ਅੱਜ ਉਨ੍ਹਾਂ ਆਪਣੀ ਪਲੇਠੀ ਮੀਟਿੰਗ ਦੌਰਾਨ ਸਾਰੇ 9 ਵਿਧਾਨ ਸਭਾ ਹਲਕਿਆਂ ਦੇ ਏ.ਆਰ.ਓਜ਼ ਨਾਲ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਤੇ ਮਾਡਲ ਕੋਡ ਆਫ ਕੰਡਕਟ ਦੀ ਇੰਨ ਬਿੰਨ ਪਾਲਣਾ ਲਈ ਨਿਰਦੇਸ਼ ਜਾਰੀ ਕੀਤੇ । ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਜਗਜੀਤ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ । ਮਨੀਸ਼ ਕੁਮਾਰ ਨੇ ਕਿਹਾ ਕਿ  ਹੋ ਸਕਦਾ ਏ ਕਿ ਕੁਝ ਸਿਆਸੀ ਪਾਰਟੀਆਂ ਪੁਰਾਣੇ ਤੇ ਰਵਾਇਤੀ ਢੰਗਾਂ ਦੇ ਨਾਲ-ਨਾਲ ਨਵੇਂ ਤਰੀਕੇ ਨਾਲ ਵੋਟਰਾਂ ਨੂੰ ਗਲਤ ਢੰਗ ਨਾਲ ਲੁਭਾਉਣ ਦੀ ਕੋਸ਼ਿਸ਼ ਕਰਨ । ਉਨ੍ਹਾਂ ਸਮੂਹ ਏ.ਆਰ.ਓਜ਼ ਨੂੰ ਕਿਹਾ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਚੋਣਾਂ ਵਿੱਚ "ਲੈਵਲ ਪਲੇਇੰਗ ਫੀਲਡ" ਯਾਨੀ ਸਾਰੀਆਂ ਪਾਰਟੀਆਂ ਨੂੰ ਬਿਨਾਂ ਕਿਸੇ ਪੈਸੇ ਦੇ ਜ਼ੋਰ,

ਲਾਲਚ ਜਾਂ ਡਰ ਦੇ ਸਾਰੇ ਉਮੀਦਵਾਰਾਂ ਨੂੰ ਬਰਾਬਰ ਦਾ ਹੱਕ ਦੇ ਕੇ ਚੋਣਾਂ ਕਰਵਾਉਣਾ ਏ। ਮਨੀਸ਼ ਕੁਮਾਰ ਨੇ ਕਿਹਾ ਕਿ ਉਮੀਦਵਾਰਾਂ ਵਲੋਂ ਕੀਤਾ ਜਾ ਰਿਹਾ ਗੱਡੀਆਂ ਦਾ ਖਰਚਾ, ਪੇਡ ਨਿਊਜ਼ ਦੇ ਨਾਲ ਨਾਲ ਇਸ਼ਤਿਹਾਰਾਂ ਦੇ ਖ਼ਰਚੇ ਤੇ ਵੀ ਨਿਗਾਹ ਰੱਖੀ ਜਾਵੇ।

---------------------------------------------------------

## <u>ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ</u>

- ਭਾਰਤ ਨੇ ਕੈਨੇਡਾ ਨੂੰ ਇੱਕ ਵਾਰ ਫਿਰ ਕਿਹਾ ਏ ਕਿ ਉਹ ਆਪਣੇ ਦੇਸ਼ ਵਿੱਚ ਅਪਰਾਧਿਕ ਤੇ ਵੱਖਵਾਦੀ ਤੱਤਾਂ ਨੂੰ ਸੁਰੱਖਿਅਤ ਪਨਾਹਗਾਹ ਤੇ ਸਿਆਸੀ ਥਾਂ ਦੇਣਾ ਬੰਦ ਕਰੇ।
- ਪੰਜਾਬ ਵਿਚ ਲੋਕ ਸਭਾ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੇ ਅੱਜ ਦੂਜੇ ਦਿਨ ਕਈ ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ।
- ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਖੇਤਾਂ ਵਿਚ ਹੀ ਕਣਕ ਦੀ ਰਹਿੰਦ ਖ਼ੂੰਦ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਦੀ ਗਿਣਤੀ 2 ਹਜ਼ਾਰ 612 ਤਕ ਪੁੱਜੀ।